दिव्य हिमाचल epaper.divyahima

# दिलप्रीत कौर पोस्टर प्रतियोगिता में प्रथम

**निजी संवाददाता – श्रीआनंदपुर साहिब**



श्रीगुरु तेग बहादुर खालसा कालेज की छात्रा ने राष्ट्रीय स्तर पर ऑनलाइन पोस्टर मुकाबले में प्रथम स्थान प्राप्त किया। कालेज प्रिंसीपल डा. जसवीर सिंह ने छात्रा की इस उपलब्धि पर छात्रा को बधाई दी। स्थानीय गुरु तेग बहादुर खालसा कालेज श्रीआनंदपुर साहिब की छात्रा ने यह उपलब्धि प्राप्त करके कालेज की शान में बढ़ोतरी की कालेज की छात्रा दिलप्रीत कौर बी कॉम भाग द्वितीय माता सुंदरी कालेज लड़कियां करनाल द्वारा 26 जनवरी को करवाए गए राष्ट्रीय स्तर पर ऑनलाइन पोस्टर मेकिंग मुकाबले में भाग लिया, जिसमें कालेज की छात्रा ने राष्ट्रीय हीरोज थीम पर पोस्टर तैयार करके पहला स्थान हासिल किया। इस संबंधी कॉलज प्रिंसीपल डा. जसवीर सिंह ने छात्रा को बधाई देते हुए कहा यह कालेज के लिए गर्व की बात है। उन्होंने कहा कालेज द्वारा हमेशा ही अपने विद्यार्थियों को अलग-अलग कलात्मक, शिक्षा, धार्मिक और रचनात्मक गतिविधियों के लिए हिस्सा लेने के लिए प्रेरित किया जाता है ताकि भविष्य में उनको राष्ट्रीय और अंतरराष्ट्रीय स्तर के मौके प्रदान किए जा सके।

# ਖ਼ਾਲਸਾ ਕਾਲਜ ਦੀ ਵਿਦਿਆਰਥਣ ਰਾਸ਼ਟਰੀ ਪੱਧਰ ਦੇ ਪੋਸਟਰ ਮੇਕਿੰਗ ਮੁਕਾਬਲੇ 'ਚ ਅੱਵਲ

ਸ੍ਰੀ ਅਨੰਦਪੁਰ ਸਾਹਿਬ, 3 ਫਰਵਰੀ (ਕਰਨੈਲ ਸਿੰਘ)-ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਨੇ ਮਾਣਮੱਤੀ ਪ੍ਰਾਪਤੀ ਕਰਕੇ ਕਾਲਜ ਦੀ ਸ਼ਾਨ 'ਚ ਵਾਧਾ ਕੀਤਾ। ਕਾਲਜ ਦੀ ਵਿਦਿਆਰਥਣ ਦਿਲਪ੍ਰੀਤ ਕੌਰ (ਬੀ. ਕਾਮ. ਭਾਗ ਦੂਜਾ) ਨੇ ਮਾਤਾ ਸੁੰਦਰੀ ਖ਼ਾਲਸਾ ਕਾਲਜ (ਲੜਕੀਆਂ), ਨਿਸਿੰਗ, ਕਰਨਾਲ ਵਲੋਂ 26 ਜਨਵਰੀ ਨੂੰ ਕਰਵਾਏ ਗਏ ਰਾਸ਼ਟਰੀ ਪੱਧਰ ਦੇ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ ਵਿਚ ਭਾਗ ਲਿਆ, ਜਿਸ 'ਚ ਵਿਦਿਆਰਥਣ ਨੇ 'ਨੈਸ਼ਨਲ ਹੀਰੋਜ਼' ਥੀਮ ਉੱਪਰ ਪੋਸਟਰ ਤਿਆਰ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਲਜ ਲਈ ਇੱਕ ਮਾਣਮੱਤੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਕਾਲਜ ਵਲੋਂ ਹਮੇਸ਼ਾ ਹੀ ਆਪਣੇ ਵਿਦਿਆਰਥੀਆਂ ਨੂੰ ਵੱਖ-ਵੱਖ ਕਲਾਤਮਿਕ, ਵਿੱਦਿਅਕ, ਧਾਰਮਿਕ ਅਤੇ ਰਚਨਾਤਮਿਕ ਗਤੀਵਿਧੀਆਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ ਵਿਚ ਉਨ੍ਹਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ। ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਫਾਈਨ ਆਰਟਸ ਵਿਭਾਗ ਮੁਖੀ ਪ੍ਰੋ. ਪ੍ਰਭਜੋਤ ਕੌਰ ਦੀ ਵਿਦਿਆਰਥੀਆਂ ਦੀ ਯੋਗ ਅਗਵਾਈ ਕਰਨ ਲਈ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਵਧ ਚੜ੍ਹ ਕੇ ਇਹੋ ਜਿਹੇ ਮੁਕਾਬਲਿਆਂ 'ਚ ਭਾਗ ਲੈਣ ਲਈ ਪ੍ਰੇਰਿਆ।



CMYK ਰੂਪਨਗਰ

ਅਜੀਤ

04-Feb-2022

Page: 7

http://epaper.ajitjalandhar.com/edition/20220204/10/7.cms

ਪੰਜਾਬ ਟਾਇਮਜ਼
Leading Punjabi daily newspaper

# ਖ਼ਾਲਸਾ ਕਾਲਜ ਦੀ ਵਿਦਿਆਰਥਣ ਰਾਸ਼ਟਰੀ ਪੱਧਰ ਦੇ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ 'ਚ ਅੱਵਲ

ਪੰਜਾਬ ਟਾਇਮਜ਼ | ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 3 ਫਰਵਰੀ (ਦਵਿੰਦਰਪਾਲ ਸਿੰਘ, ਅੰਕੁਸ਼)-ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਵਿਦਿਆਰਥਣ ਨੇ ਮਾਣਮੱਤੀ ਪ੍ਰਾਪਤੀ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ। ਕਾਲਜ ਦੀ ਵਿਦਿਆਰਥਣ ਦਿਲਪ੍ਰੀਤ ਕੌਰ (ਬੀ.ਕਾਮ ਭਾਗ ਦੂਜਾ) ਨੇ ਮਾਤਾ ਸੁੰਦਰੀ ਖਾਲਸਾ ਕਾਲਜ (ਲੜਕੀਆਂ), ਨਿਸਿੰਗ, ਕਰਨਾਲ ਵੱਲੋਂ 26 ਜਨਵਰੀ ਨੂੰ ਕਰਵਾਏ ਗਏ ਰਾਸ਼ਟਰੀ ਪੱਧਰ ਦੇ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਭਾਗ ਲਿਆ। ਜਿਸ ਵਿੱਚ



ਵਿਦਿਆਰਥਣ ਨੇ 'ਨੈਸ਼ਨਲ ਹੀਰੋਜ਼' ਥੀਮ ਉੱਪਰ ਪੋਸਟਰ ਤਿਆਰ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਲਜ ਲਈ ਇੱਕ ਮਾਣਮੱਤੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਹਮੇਸ਼ਾਂ ਹੀ ਆਪਣੇ ਵਿਦਿਆਰਥੀਆਂ ਨੂੰ ਵੱਖ-ਵੱਖ ਕਲਾਤਮਿਕ, ਵਿੱਦਿਅਕ, ਧਾਰਮਿਕ ਅਤੇ ਰਚਨਾਤਮਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ ਵਿੱਚ ਉਹਨਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ। ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਫਾਈਨ ਆਰਟਜ਼ ਵਿਭਾਗ ਮੁਖੀ ਪ੍ਰੋ.ਪ੍ਰਭਜੋਤ ਕੌਰ ਦੀ ਵਿਦਿਆਰਥੀਆਂ ਦੀ ਯੋਗ ਅਗਵਾਈ ਕਰਨ ਲਈ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਵਧ ਚੜ੍ਹ ਕੇ ਇਹੋ ਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਆ।